19-Oct-BTD-Pages.qxd 10/19/2025 10:37 PM Page 1

ਦੀਵਾਲੀ ਦੇ ਤਿਉਹਾਰ ਮੌਕੇ ਖ਼ਰੀਦਦਾਰੀ ਕਰਦੇ ਹੋਏ ਲੋਕ ਅਤੇ ਸ਼ਹਿਰ ਦੇ ਧੋਬੀ ਬਾਜ਼ਾਰ ਦਾ ਇੱਕ ਦ੍ਰਿਸ਼। ਤਸਵੀਰਾਂ : ਲਵਲੀ

ਦੀਵਾਲੀ ਦਾ ਤਿਉਹਾਰ ਮਨਾਉਣ ਲਈ ਦੋਚਿੱਤੀ 'ਚ ਪਏ ਲੋਕ

*** ਬਾਜ਼ਾਰ 'ਚ ਖ਼ਰੀਦਦਾਰੀ ਕਰਨ ਲਈ ਉਮੜੀ ਭੀੜ * ਸੜਕਾਂ 'ਤੇ ਲੱਗੇ ਜਾਮ 'ਚ ਫਸੇ ਲੋਕਾਂ ਦਾ ਘੰਟਿਆਂਬੱਧੀ ਸਮਾਂ ਹੋਇਆ ਬਰਬਾਦ**

ਬਠਿੰਡਾ, 19 ਅਕਤੂਬਰ (ਵੀਰਪਾਲ ਸਿੰਘ)- ਦੀਵਾਲੀ ਦਾ ਤਿਉਹਾਰ ਮਨਾਉਣ ਲਈ ਦੋਚਿੱਤੀ 'ਚ ਫਸੇ ਲੋਕਾਂ ਵਲੋਂ ਅੱਜ ਬਾਜ਼ਾਰਾਂ ਵਿਚ ਖ਼ੂਬ ਖ਼ਰੀਦਦਾਰੀ ਕੀਤੀ ਗਈ, ਬਾਜ਼ਾਰਾਂ ਵਿਚ ਖ਼ਰੀਦਦਾਰੀ ਕਰਨ ਲਈ ਉਮੜੀ ਭੀੜ ਅਤੇ ਦੁਕਾਨਦਾਰਾਂ ਵਲੋਂ ਆਪਣੀਆਂ ਦੁਕਾਨਾਂ ਦੀ ਸਜਾਵਟ ਕਰਨ ਅਤੇ ਦੁਕਾਨਾਂ ਮੂਹਰੇ ਅੱਡੇ ਲਗਾਉਣ ਨਾਲ ਸੂਬੇ ਭਰ ਸ਼ਹਿਰਾਂ ਵਿਚ ਟਰੈਫ਼ਿਕ ਜਾਮ ਹੋਣ ਨਾਲ ਲੋਕਾਂ ਨੂੰ ਘੰਟਿਆਂ ਬੱਧੀ ਜਾਮ ਵਿਚ ਫਸੇ ਰਹਿਣ ਲਈ ਮਜਬੂਰ ਹੋਣਾ ਪਿਆ। ਦੀਵਾਲੀ ਦੇ ਤਿਉਹਾਰ ਦੇ ਦਿਨਾਂ ਵਿਚ ਖ਼ਰੀਦਦਾਰਾਂ 'ਚ ਭਾਰੀ ਉਤਸ਼ਾਹ ਪਾਇਆ ਗਿਆ। ਕੇਂਦਰ ਸਰਕਾਰ ਵਲੋਂ ਜੀ.ਐੱਸ.ਟੀ ਵਿਚ ਕੀਤੇ ਗਏ ਬਦਲਾਅ ਕਰਕੇ ਇਸ ਵਾਰ ਲੋਕਾਂ ਨੂੰ ਮਹਿੰਗਾਈ ਤੋਂ ਕੁਝ ਰਾਹਤ ਮਿਲੀ ਹੈ। ਬਠਿੰਡਾ ਅਤੇ ਮਾਲਵੇ ਦੇ ਸਮੂਹ ਸ਼ਹਿਰਾਂ ਵਿਚ ਖ਼ਰੀਦਦਾਰੀ ਕਰਨ ਲਈ ਲੋਕਾਂ ਵਲੋਂ ਰਿਕਾਰਡਤੋੜ ਪੈਸਾ ਖ਼ਰਚ ਕੀਤਾ ਗਿਆ। ਬਠਿੰਡਾ ਵਿਚ ਅੰਦਾਜ਼ੇ ਅਨੁਸਾਰ ਲੋਕਾਂ ਨੇ 100 ਕਰੋੜ ਤੋਂ ਵੱਧ ਦੀ ਖ਼ਰੀਦਦਾਰੀ ਕੀਤੇ ਜਾਣ ਦਾ ਅੰਦਾਜ਼ਾ ਹੈ, ਜ਼ਿਕਰਯੋਗ ਹੈ ਕਿ ਇਸ ਵਰ੍ਹੇ ਵੀ ਦੀਵਾਲੀ ਦੇ ਤਿਉਹਾਰ ਮਨਾਉਣ ਦੇ ਮਾਮਲੇ ਵਿਚ ਸੰਨ 2024 ਦੀ ਦੀਵਾਲੀ ਦੇ ਤਿਉਹਾਰ ਵਾਂਗ ਵੀ ਲੋਕ ਦੋਚਿੱਤੀ ਵਿਚ ਫਸੇ ਹੋਏ ਹਨ। ਮੀਡੀਆ ਰਿਪੋਰਟਾਂ ਦੀ ਚਰਚਾਵਾਂ ਤੋਂ ਪਤਾ ਲੱਗਾ ਹੈ ਕਿ ਦੀਵਾਲੀ ਦੇ ਤਿਉਹਾਰ ਨੂੰ ਲੈ ਕੇ ਧਰਮ ਗੁਰੂਆਂ ਅਤੇ ਪੰਡਿਤਾਂ ਦੀ ਇੱਕ ਸਹਿਮਤੀ ਨਹੀਂ ਬਣ ਸਕੀ। ਧਰਮ ਗੁਰੂਆਂ ਅਨੁਸਾਰ 20 ਅਕਤੂਬਰ ਨੂੰ ਦੁਪਹਿਰ 3:44 ਤੋਂ ਮੱਸਿਆ ਸ਼ੁਰੂ ਹੋਵੇਗੀ ਤੇ 21 ਅਕਤੂਬਰ ਸ਼ਾਮ 5:54 ਤੱਕ ਸਮਾਪਤ ਹੋਵੇਗੀ। ਅਯੁੱਧਿਆ ਮੰਦਰ ਦੇ ਪੰਡਿਤਾਂ ਅਨੁਸਾਰ 20 ਅਕਤੂਬਰ ਦੀ ਰਾਤ ਨੂੰ ਦੀਵਾਲੀ ਦਾ ਸ਼ੁੱਭ ਮਹੂਰਤ ਬਣਦਾ ਹੈ। ਇਸੇ ਤਰ੍ਹਾਂ ਪੰਜਾਬੀ ਪੰਡਿਤਾਂ ਅਨੁਸਾਰ ਦੀਵਾਲੀ ਦੇ ਲਈ 21 ਅਕਤੂਬਰ ਦੀ ਰਾਤ ਨੂੰ ਸਹੀ ਮੰਨਿਆ ਗਿਆ। ਸੂਬਾ ਸਰਕਾਰ ਵੱਲੋਂ ਦੀਵਾਲੀ ਦੀ 20 ਅਕਤੂਬਰ ਨੂੰ ਛੁੱਟੀ ਕੀਤੀ ਗਈ ਹੈ। ਪੁਰਾਣੀ ਰੀਤ ਅਨੁਸਾਰ ਦੀਵਾਲੀ ਹਮੇਸ਼ਾ ਦੁਸਹਿਰੇ ਤੋਂ 20 ਦਿਨ ਬਾਅਦ ਮਨਾਈ ਜਾਂਦੀ ਹੈ। ਇਸ ਹਿਸਾਬ ਨਾਲ ਦੁਸਹਿਰਾ 2 ਅਕਤੂਬਰ ਨੂੰ ਹੋਣ ਕਰਕੇ ਦੀਵਾਲੀ ਮਨਾਉਣ ਲਈ 21 ਅਕਤੂਬਰ ਦਾ ਦਿਨ ਢੁਕਵਾਂ ਹੈ। ਸੋਸ਼ਲ ਮੀਡੀਆ 'ਤੇ ਧਰਮ ਗੁਰੂਆਂ ਅਤੇ ਪੰਡਿਤਾਂ ਦੀ ਆਪਸੀ ਚਰਚਾ ਤੋਂ ਬਾਅਦ ਵੀ ਦੀਵਾਲੀ ਮਨਾਉਣ ਲਈ ਕੋਈ ਇੱਕ ਦਿਨ ਨਿਸ਼ਚਿਤ ਨਹੀਂ ਰੱਖਿਆ ਗਿਆ। ਜਿਸ ਨੂੰ ਲੈ ਕੇ ਦੇਸ਼ ਵਾਸੀ ਦੀਵਾਲੀ ਦਾ ਤਿਉਹਾਰ ਮਨਾਉਣ ਲਈ ਦੋਚਿੱਤੀ ਵਿਚ ਫਸੇ ਹੋਏ ਹਨ।

ਭਾਰੀ ਭੀੜ ਕਾਰਨ ਜਾਮ 'ਚ ਫਸੇ ਵਾਹਨ। ਤਸਵੀਰਾਂ : ਲਵਲੀ

ਥਾਣੇ 'ਚੋਂ ਭੱਜੇ ਇਰਾਦਾ ਕਤਲ ਦੇ ਦੋਸ਼ੀ ਨੂੰ ਕੁਝ ਹੀ ਘੰਟਿਆਂ 'ਚ ਫੜਨ 'ਚ ਸਫਲ ਹੋਈ ਤਲਵੰਡੀ ਸਾਬੋ ਪੁਲਿਸ

ਤਲਵੰਡੀ ਸਾਬੋ, 19 ਅਕਤੂਬਰ (ਰਣਜੀਤ ਸਿੰਘ ਰਾਜੂ): ਕੁਝ ਪੁਲਿਸ ਮੁਲਾਜ਼ਮਾਂ ਦੀ ਲਾਪਰਵਾਹੀ ਦੇ ਚੱਲਦਿਆਂ ਬੀਤੇ ਦਿਨ ਪੁਲਿਸ ਥਾਣੇ 'ਚੋਂ ਭੱਜਣ 'ਚ ਸਫਲ ਰਹੇ ਇਰਾਦਾ ਕਤਲ ਦੇ ਕੇਸ 'ਚ ਨਾਮਜ਼ਦ ਇੱਕ ਕਥਿਤ ਦੋਸ਼ੀ ਨੂੰ ਕੁਝ ਹੀ ਘੰਟਿਆਂ 'ਚ ਫੜ ਕੇ ਆਖਿਰ ਤਲਵੰਡੀ ਸਾਬੋ ਪੁਲਿਸ ਆਪਣੀ ਸ਼ਾਖ਼ ਬਚਾਉਣ 'ਚ ਕਾਮਯਾਬ ਹੋ ਹੀ ਗਈ। ਫੜੇ ਗਏ ਕਥਿਤ ਦੋਸ਼ੀ ਖ਼ਿਲਾਫ਼ ਹੁਣ ਜਿੱਥੇ ਪੁਲਿਸ ਹਿਰਾਸਤ 'ਚੋਂ ਭੱਜਣ ਦਾ ਮਾਮਲਾ ਵੀ ਦਰਜ਼ ਕਰ ਲਿਆ ਗਿਆ ਹੈ ਉੱਥੇ ਥਾਣੇ 'ਚੋਂ ਕਥਿਤ ਦੋਸ਼ੀ ਦੇ ਭੱਜ ਜਾਣ ਦੇ ਮਾਮਲੇ 'ਚ ਜਾਂਚ ਅਧਿਕਾਰੀ ਖ਼ਿਲਾਫ਼ ਵਿਭਾਗੀ ਕਾਰਵਾਈ ਲਈ ਪ੍ਰਕ੍ਰਿਆ ਆਰੰਭ ਦਿੱਤੇ ਜਾਣ ਦੀ ਖ਼ਬਰ ਵੀ ਮਿਲੀ ਹੈ। ਜ਼ਿਕਰਯੋਗ ਹੈ ਕਿ ਬੀਤੇ ਦਿਨ ਤਲਵੰਡੀ ਸਾਬੋ ਵਿਖੇ ਹਰਿਆਣਾ ਤੋਂ ਇੱਕ ਨੌਜਵਾਨ ਆਪਣੇ ਦੋਸਤ ਨਾਲ ਕੱਪੜੇ ਲੈਣ ਲਈ ਆਇਆ ਸੀ। ਜਿਸ ਨੂੰ ਮਾਰਨ ਦੀ ਨੀਯਤ ਨਾਲ ਇੱਥੇ ਕੁੱਝ ਲੋਕਾਂ ਵਲੋਂ ਬੇਰਹਿਮੀ ਨਾਲ ਕੁੱਟਮਾਰ ਕਰ ਦਿੱਤੀ ਗਈ। ਪੁਲਿਸ ਨੇ ਇਸ ਮਾਮਲੇ ਵਿਚ ਜ਼ਖ਼ਮੀ ਦੇ ਬਿਆਨਾਂ 'ਤੇ ਪੰਜ ਲੋਕਾਂ ਖ਼ਿਲਾਫ਼ ਮਾਮਲਾ ਦਰਜ਼ ਕਰਦਿਆਂ ਇੱਕ ਕਥਿਤ ਦੋਸ਼ੀ ਨੂੰ ਕਾਬੂ ਕਰ ਲਿਆ ਗਿਆ ਸੀ, ਪਰ ਫੜਿਆ ਗਿਆ ਕਥਿਤ ਦੋਸ਼ੀ ਯੁਧਵੀਰ ਸਿੰਘ ਵਾਸੀ ਤਲਵੰਡੀ ਸਾਬੋ ਬੀਤੀ ਸ਼ਾਮ ਨੂੰ ਥਾਣੇ ਦੀ ਸੁਰੱਖਿਆ ਦੇ ਸਖ਼ਤ ਪ੍ਰਬੰਧਾਂ ਦੇ ਦਾਅਵਿਆਂ ਦੀ ਫੂਕ ਕੱਢਦਾ ਹੋਇਆ ਥਾਣੇ 'ਚੋਂ ਭੱਜ ਗਿਆ, ਜਿਸ ਨਾਲ ਪੁਲਿਸ ਨੂੰ ਹੱਥਾਂ ਪੈਰਾਂ ਦੀ ਪੈ ਗਈ। ਥਾਣੇ ਚੋਂ ਕਥਿਤ ਦੋਸ਼ੀ ਦੇ ਫਰਾਰ ਹੋਣ ਦੀ ਘਟਨਾ ਦਾ ਪਤਾ ਲੱਗਦਿਆਂ ਹੀ ਹਰਪ੍ਰੀਤ ਸਿੰਘ ਡੀ.ਐੱਸ.ਪੀ ਤਲਵੰਡੀ ਸਾਬੋ ਨੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਥਾਣਾ ਤਲਵੰਡੀ ਸਾਬੋ ਮੁਖੀ ਹਰਬੰਸ ਸਿੰਘ ਦੀ ਅਗਵਾਈ ਵਿਚ ਪੁਲਸ ਟੀਮਾਂ ਤਿਆਰ ਕਰਵਾਕੇ ਕਥਿਤ ਦੋਸ਼ੀ ਦੀ ਸਰਗਰਮੀ ਨਾਲ ਭਾਲ ਸ਼ੁਰੂ ਕਰਵਾਈ, ਜਿਸ ਦੇ ਚਲਦੇ ਪੁਲਸ ਨੇ ਕਰੀਬ 4-5 ਘੰਟਿਆਂ 'ਚ ਹੀ ਕਥਿਤ ਦੋਸ਼ੀ ਨੂੰ ਹਰਿਆਣਾ ਦੀ ਹੱਦ ਨੇੜਿਉਂ ਕਾਬੂ ਕਰਨ 'ਚ ਸਫਲਤਾ ਹਾਸਿਲ ਕਰ ਲਈ। ਥਾਣਾ ਮੁਖੀ ਹਰਬੰਸ ਸਿੰਘ ਨੇ ਦੱਸਿਆ ਕਿ ਫੜੇ ਗਏ ਕਥਿਤ ਦੋਸ਼ੀ ਯੁੱਧਵੀਰ ਸਿੰਘ ਵਾਸੀ ਤਲਵੰਡੀ ਸਾਬੋ ਦੇ ਖ਼ਿਲਾਫ਼ ਪੁਲਸ ਹਿਰਾਸਤ 'ਚੋਂ ਭੱਜਣ ਦਾ ਮਾਮਲਾ ਦਰਜ਼ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

ਉੱਧਰ ਹਰਪ੍ਰੀਤ ਸਿੰਘ ਡੀ. ਐੱਸ. ਪੀ ਤਲਵੰਡੀ ਸਾਬੋ ਨੇ ਦੱਸਿਆ ਕਿ ਜਿੱਥੇ ਕਥਿਤ ਦੋਸ਼ੀ ਖ਼ਿਲਾਫ਼ ਇੱਕ ਹੋਰ ਮਾਮਲਾ ਦਰਜ਼ ਕੀਤਾ ਗਿਆ ਹੈ, ਉੱਥੇ ਹੀ ਇਸ ਮਾਮਲੇ ਵਿਚ ਅਣਗਹਿਲੀ ਵਰਤਣ ਵਾਲੇ ਜਾਂਚ ਅਧਿਕਾਰੀ ਰਜਿੰਦਰ ਕੁਮਾਰ ਖ਼ਿਲਾਫ਼ ਬਣਦੀ ਵਿਭਾਗੀ ਕਰਵਾਈ ਕਰਨ ਲਈ ਉੱਚ ਅਧਿਕਾਰੀਆਂ ਨੂੰ ਲਿਖਿਆ ਜਾ ਰਿਹਾ। ਉਨ੍ਹਾਂ ਦਾਅਵਾ ਕੀਤਾ ਕਿ ਨਾ ਤਾਂ ਵਿਭਾਗ ਵਿਚ ਕੋਈ ਕੁਤਾਹੀ ਵਰਤਣ ਦਿੱਤੀ ਜਾਵੇਗੀ ਤੇ ਨਾ ਹੀ ਕਿਸੇ ਮਾੜੇ ਅਨਸਾਰਾਂ ਨੂੰ ਹੀ ਬਖ਼ਸ਼ਿਆ ਜਾਵੇਗ

ਥਾਣੇ 'ਚੋਂ ਭੱਜਣ ਵਾਲਾ ਦੋਸ਼ੀ ਪੁਲਿਸ ਹਿਰਾਸਤ 'ਚ ।

ਟਰੱਕ ਦੀ ਟੱਕਰ ਕਾਰਨ ਮੋਟਰਸਾਈਕਲ ਸਵਾਰ ਦੀ ਮੌਤ

ਬਠਿੰਡਾ, 19 ਅਕਤੂਬਰ (ਪੱਤਰ ਪ੍ਰੇਰਕ)-ਸਥਾਨਕ ਰਿੰਗ ਰੋਡ 'ਤੇ ਵਾਪਰੇ ਇਕ ਹਾਦਸੇ ਵਿਚ ਟਰੱਕ ਦੀ ਟੱਕਰ ਕਾਰਨ ਇਕ ਮੋਟਰਸਾਈਕਲ ਸਵਾਰ ਦੀ ਮੌਤ ਹੋਣ ਦੀ ਖ਼ਬਰ ਹੈ। ਰਾਈਆ ਪਿੰਡ ਦੇ ਜਗਦੇਵ ਸਿੰਘ ਨੇ ਪੁਲਿਸ ਨੂੰ ਲਿਖਾਈ ਸ਼ਿਕਾਇਤ ਵਿਚ ਦੱਸਿਆ ਕਿ ਉਸ ਦਾ ਭਰਾ ਗੁਰਤੇਜ ਸਿੰਘ 37 ਸਾਲ ਆਪਣੇ ਮੋਟਰ ਸਾਈਕਲ 'ਤੇ ਸਵਾਰ ਹੋ ਕੇ ਰਿੰਗ ਰੋਡ 'ਤੇ ਜਾ ਰਿਹਾ ਸੀ, ਤਾਂ ਇਕ ਟਰੱਕ ਚਾਲਕ ਨੇ ਤੇਜ਼ ਰਫ਼ਤਾਰ ਟਰੱਕ ਗੁਰਤੇਜ ਸਿੰਘ ਦੇ ਮੋਟਰਸਾਈਕਲ ਵਿਚ ਮਾਰਿਆ, ਜਿਸ ਕਾਰਨ ਉਸ ਦੀ ਮੌਤ ਹੋ ਗਈ ਹੈ। ਥਾਣਾ ਕੈਂਟ ਬਠਿੰਡਾ ਦੀ ਪੁਲਿਸ ਨੇ ਟਰੱਕ ਚਾਲਕ ਨਿਰੰਜਨ ਸਿੰਘ ਵਾਸੀ ਪਿੰਡ ਰਾਈਆ ਖ਼ਿਲਾਫ਼ ਧਾਰਾ 106, 281, 324 (4) ਬੀਐਨਐਸ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ।

ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਕਰਵਾਇਆ ਧਾਰਮਿਕ ਸਮਾਗਮ

97 ਪ੍ਰਾਣੀ ਅੰਮ੍ਰਿਤ ਛਕ ਕੇ ਲੱਗੇ ਗੁਰੂ ਦੇ ਲੜ

ਤਲਵੰਡੀ ਸਾਬੋ, 19 ਅਕਤੂਬਰ (ਰਣਜੀਤ ਸਿੰਘ ਰਾਜੂ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵਲੋਂ ਮਾਲਵੇ ਦੇ ਉਕਤ ਖ਼ਿੱਤੇ 'ਚ ਗੁਰਮਤਿ ਲਹਿਰ ਨੂੰ ਹੋਰ ਪ੍ਰਚੰਡ ਕਰਨ ਦੇ ਮਨੋਰਥ ਨਾਲ ਆਰੰਭੀ ਧਰਮ ਪ੍ਰਚਾਰ ਲਹਿਰ ਦੀ ਲੜੀ ਵਿਚ ਅੱਜ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਹਫ਼ਤਾਵਾਰੀ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸੇ ਦੌਰਾਨ ਪੰਜ ਪਿਆਰਿਆਂ ਦੀ ਅਗਵਾਈ ਹੇਠ ਕਰਵਾਏ ਅੰਮ੍ਰਿਤ ਸੰਚਾਰ ਦੌਰਾਨ 97 ਪ੍ਰਾਣੀ ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਦੇ ਲੜ ਲੱਗੇ। ਧਾਰਮਿਕ ਸਮਾਗਮ ਦੌਰਾਨ ਤਖਤ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਖਚੈਨ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ ਜਦੋਂਕਿ ਪ੍ਰਚਾਰਕ ਭਾਈ ਜਗਤਾਰ ਸਿੰਘ ਜੌੜਕੀਆਂ ਨੇ ਕਥਾ ਵੀਚਾਰਾਂ ਰਾਹੀਂ ਤੇ ਭਾਈ ਤਰਸੇਮ ਸਿੰਘ ਖੇਤਲਾ ਦੇ ਢਾਡੀ ਜਥੇ ਨੇ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਗੁਰਇਤਿਹਾਸ ਨਾਲ ਜੋੜਿਆ। ਤਖਤ ਸਾਹਿਬ ਦੇ ਵਧੀਕ ਹੈੱਡ ਗ੍ਰੰਥੀ ਗਿਆਨੀ ਗੁਰਜੰਟ ਸਿੰਘ ਨੇ ਸੰਗਤਾਂ ਨੂੰ ਬੰਦੀਛੋੜ ਦਿਵਸ ਦੀਆਂ ਵਧਾਈਆਂ ਦਿੰਦਿਆਂ ਸਮੁੱਚੇ ਇਤਿਹਾਸ ਤੋਂ ਜਾਣੂੰ ਕਰਵਾਇਆ। ਉਕਤ ਸਮਾਗਮ 'ਚ ਸੰਗਤਾਂ ਤੋਂ ਇਲਾਵਾ ਤਖਤ ਸਾਹਿਬ ਦੇ ਮੈਨੇਜਰ ਭਾਈ ਨਰਿੰਦਰਜੀਤ ਸਿੰਘ ਵੀ ਹਾਜ਼ਰ ਰਹੇ। ਉੱਧਰ ਧਰਮ ਪ੍ਰਚਾਰ ਉੱਪ ਦਫ਼ਤਰ ਇੰਚਾਰਜ ਭਾਈ ਭੋਲਾ ਸਿੰਘ ਹੀਰੇਵਾਲਾ ਵਲੋਂ ਜਾਰੀ ਪ੍ਰੈੱਸ ਬਿਆਨ ਮੁਤਾਬਿਕ ਤਖਤ ਸਾਹਿਬ ਦੇ ਗ੍ਰੰ: ਭਾਈ ਬੀਰ ਸਿੰਘ ਭਾਈ ਧੀਰ ਸਿੰਘ ਵਿਖੇ ਤਖਤ ਸਾਹਿਬ ਦੇ ਪੰਜ ਪਿਆਰੇ ਸਾਹਿਬਾਨ ਦੀ ਅਗਵਾਈ 'ਚ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਕੁਲ 97 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਛਕੀ। ਅੰਮ੍ਰਿਤ ਸੰਚਾਰ ਕਰਨ ਵਾਲੇ ਪ੍ਰਾਣੀਆਂ ਨੂੰ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲਾ ਨੇ ਮੁਬਾਰਕਬਾਦ ਦਿੰਦਿਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਬੰਦੀਛੋੜ ਦਿਵਸ ਮੌਕੇ ਜਿੱਥੇ ਸਮਾਜਿਕ ਬੁਰਾਈਆਂ ਦੇ ਖ਼ਾਤਮੇ ਦੀ ਲੜਾਈ 'ਚ ਆਪਣਾ ਯੋਗਦਾਨ ਪਾਉਣ ਦਾ ਪ੍ਰਣ ਲੈਣ ਉੱਥੇ ਬਾਣੀ ਅਤੇ ਬਾਣੇ ਦਾ ਧਾਰਣੀ ਬਣਨ ਦਾ ਸੰਕਲਪ ਵੀ ਲੈਣ।

'ਅਜੀਤ' ਉਪ ਦਫ਼ਤਰ ਦਾ ਪਤਾ ਤੇ ਸੰਪਰਕ ਨੰਬਰ

ਅਜੀਤ/ਅਜੀਤ ਸਮਾਚਾਰ ਹੜ੍ਹ ਰਾਹਤ ਫੰਡ ਵਿਚ ਯੋਗਦਾਨ ਪਾਉਣ ਲਈ ਅਜੀਤ ਪ੍ਰਕਾਸ਼ਨ ਸਮੂਹ ਦੇ ਹੇਠ ਲਿਖੇ ਉਪ-ਦਫ਼ਤਰ ਵਿਚ ਯੋਗਦਾਨ ਰਾਸ਼ੀ ਜਮ੍ਹਾ ਕਰਵਾ ਕੇ ਰਸੀਦ ਪ੍ਰਾਪਤ ਕੀਤੀ ਜਾਵੇ।

ਬਠਿੰਡਾ

ਸ. ਅੰਮ੍ਰਿਤਪਾਲ ਸਿੰਘ ਵਲ੍ਹਾਣ	99881-68072
ਦੁਕਾਨ ਨੰ: 72, ਸੁਭਾਸ਼ ਮਾਰਕੀਟ	0164-2251886
ਮਾਲ ਰੋਡ	5003663